# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

PUNJABI BHASHA PASAAR BHAICHARA

ਹਵਾਲਾ ਨੰ:............................

ਮਿਤੀ :..................................

ਵੱਲ

ਮੁੱਖ ਕਾਰਜਕਾਰੀ ਅਧਿਕਾਰੀ
ਲੁਧਿਆਣਾ ਸਮਾਰਟ ਸਿਟੀ ਪ੍ਰੋਜੈਕਟ
ਨਗਰ ਨਿਗਮ, ਲੁਧਿਆਣਾ।

ਨੰ:ਪ.ਭ.ਪ.ਭ./10 ਮਿਤੀ:੨੪.01.2019

**ਵਿਸ਼ਾ:** ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਇੰਨ-ਬਿੰਨ ਪਾਲਣਾ ਹਿਤ ਲੁਧਿਆਣਾ ਸ਼ਹਿਰ ਵਿਚ ਲਗਾਏ ਜਾਂਦੇ ਬੋਰਡਾਂ ਆਦਿ ਉੱਪਰ ਪੰਜਾਬੀ ਭਾਸ਼ਾ ਦੀ ਵਰਤੋਂ ਕਰਨ ਸਬੰਧੀ ਬੇਨਤੀ

ਸ੍ਰੀ ਮਾਨ ਸੰਜਮ ਅਗਰਵਾਲ ਜੀ,

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵਸਥਾਵਾਂ ਅਤੇ ਤੱਥ, ਨਿਮਰਤਾ ਸਹਿਤ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ- ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਵਾਲੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਮਹੱਤਵਪੂਰਨ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦਾ ਮਿਤੀ 05 ਸਤੰਬਰ 2018 ਦਾ ਨਵਾਂ ਹੁਕਮ**

ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਕੁਝ ਹੇਠ ਲਿਖੀਆਂ ਮਹੱਤਵਪੂਰਨ ਵਿਵੱਸਥਾਵਾਂ ਵੱਲ ਵੀ ਦਿਵਾਇਆ ਜਾਂਦਾ ਹੈ:

1. 49 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, **ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ** ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

   **"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. ਪੰਜਾਬ ਸਰਕਾਰ ਵੱਲੋਂ ਮਿਤੀ 05.09.2018 ਨੂੰ ਇੱਕ ਨਵਾਂ ਹੁਕਮ ਜਾਰੀ ਕਰਕੇ ਆਪਣੇ ਅਧਿਕਾਰੀਆਂ ਨੂੰ ਇਸ ਕਾਨੂੰਨ ਦੀਆਂ ਵਿਵਸਥਾਵਾਂ ਦੀ ਇੰਨ-ਬਿੰਨ ਪਾਲਣਾ ਕਰਨ ਦਾ ਮੁੜ ਨਿਰਦੇਸ਼ ਦਿੱਤਾ ਹੈ।

2. ***ਕੁਝ ਮਹੀਨੇ ਪਹਿਲਾਂ ਮਾਣਯੋਗ ਸ.ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰ ਮੰਤਰੀ ਵੱਲੋਂ ਇੱਕ ਵਿਸ਼ੇਸ਼ ਹੁਕਮ ਜਾਰੀ ਕਰਕੇ ਆਪਣੇ ਅਧੀਨ ਕੰਮ ਕਰਦੇ ਵਿਭਾਗਾਂ ਵਿਚ ਹੁੰਦੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਦੇ ਵਿਸ਼ੇਸ਼ ਨਿਰਦੇਸ਼ ਵੀ ਦਿੱਤੇ ਗਏ ਸਨ।***

**ਭਾਗ ਅ- ਮੁੱਖ ਕਾਰਜਕਾਰੀ ਅਧਿਕਾਰੀ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀਆਂ ਉਲੰਘਣਾਵਾਂ ਦੀਆਂ ਉਦਾਹਰਣਾਂ**

1. ਲਵ ਲੁਧਿਆਣਾ ਯੋਜਨਾ ਅਧੀਨ ਲੁਧਿਆਣਾ ਸ਼ਹਿਰ ਵਿਚ ਲੋਕਾਂ ਨੂੰ ਸੰਦੇਸ਼ ਦੇਣ ਲਈ ਜੋ ਬੋਰਡ ਲਗਾਏ ਗਏ ਹਨ ਉਨ੍ਹਾਂ ਵਿਚੋਂ 90 ਫ਼ੀਸਦੀ ਉੱਪਰ ਕੇਵਲ ਅੰਗਰੇਜ਼ੀ ਭਾਸ਼ਾ ਦੀ ਵਰਤੋਂ ਕੀਤੀ ਗਈ ਹੈ। ਜਦੋਂਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਹ ਭਾਸ਼ਾ ਪੰਜਾਬੀ (ਜਾਂ ਪੰਜਾਬੀ ਅਤੇ ਅੰਗਰੇਜ਼ੀ) ਹੋਣੀ ਚਾਹੀਦੀ ਹੈ।
2. ਜੋ ਇੱਕਾ-ਦੁੱਕਾ ਬੋਰਡ ਲਗਾਏ ਵੀ ਗਏ ਹਨ ਉਨ੍ਹਾਂ ਵਿਚ ਵੀ ਸ਼ਬਦ ਜੋੜਾਂ ਦੀਆਂ ਅਨੇਕਾਂ ਗਲਤੀਆਂ ਹਨ।

**ਭਾਗ ੲ-** ਮੁੱਖ ਕਾਰਜਕਾਰੀ ਅਧਿਕਾਰੀ ਨੂੰ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀ ਇੰਨ-ਬਿੰਨ ਪਾਲਣਾ ਕਰਨ ਲਈ ਬੇਨਤੀ।

1. ਲੁਧਿਆਣਾ ਸ਼ਹਿਰ ਵਿਚ ਲਗਾਏ ਜਾਣ ਵਾਲੇ ਸਾਰੇ ਬੋਰਡਾਂ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਵੀ ਕੀਤੀ ਜਾਵੇ।
2. ਸੰਦੇਸ਼ਾਂ ਲਈ ਵਰਤੀ ਗਈ ਪੰਜਾਬੀ ਸ਼ੁੱਧ ਹੋਵੇ ਅਤੇ ਸ਼ਬਦ ਜੋੜ ਸਹੀ ਹੋਣ।

ਉਸਾਰੂ ਹੁੰਗਾਰੇ ਦੀ ਉਡੀਕ ਵਿਚ।

ਹਰਬਖ਼ਸ਼ ਸਿੰਘ ਗਰੇਵਾਲ
(ਹਰਬਖ਼ਸ਼ ਸਿੰਘ ਗਰੇਵਾਲ)
ਵਧੀਕ ਸੰਚਾਲਕ ਲੁਧਿਆਣਾ ਇਕਾਈ

(ਮਹਿੰਦਰ ਸਿੰਘ ਸੇਖੋਂ)
ਸੰਚਾਲਕ ਲੁਧਿਆਣਾ ਇਕਾਈ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
2. ਸ੍ਰੀ ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰ ਮੰਤਰੀ, ਪੰਜਾਬ, ਚੰਡੀਗੜ੍ਹ।
3. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ। cs@punjab.gov.in
4. ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ। secy.lg@punjab.gov.in
5. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
6. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। dir.lang@punjab.gov.in
7. ਕਮਿਸ਼ਨਰ, ਨਗਰ ਨਿਗਮ, ਲੁਧਿਆਣਾ।